ਗੂਜਰੀ ਮਹਲਾ ੩ ॥ ਹਰਿ ਕੀ ਤੁਮ ਸੇਵਾ ਕਰਹੁ ਦੂਜੀ ਸੇਵਾ ਕਰਹੁ ਨ ਕੋਇ ਜੀ ॥ ਹਰਿ ਕੀ ਸੇਵਾ ਤੇ ਮਨਹੁ ਚਿੰਦਿਆ ਫਲੁ ਪਾਈਐ ਦੂਜੀ ਸੇਵਾ ਜਨਮੁ ਬਿਰਥਾ ਜਾਇ ਜੀ ॥੧॥ ਹਰਿ ਮੇਰੀ ਪ੍ਰੀਤਿ ਰੀਤਿ ਹੈ ਹਰਿ ਮੇਰੀ ਹਰਿ ਮੇਰੀ ਕਥਾ ਕਹਾਨੀ ਜੀ ॥ ਗੁਰ ਪ੍ਰਸਾਦਿ ਮੇਰਾ ਮਨੁ ਭੀਜੈ ਏਹਾ ਸੇਵ ਬਨੀ ਜੀਉ ॥੧॥ ਰਹਾਉ ॥ ਹਰਿ ਮੇਰਾ ਸਿਮ੍ਰਿਤਿ ਹਰਿ ਮੇਰਾ ਸਾਸਤ੍ਰ ਹਰਿ ਮੇਰਾ ਬੰਧਪੁ ਹਰਿ ਮੇਰਾ ਭਾਈ ॥ ਹਰਿ ਕੀ ਮੈ ਭੂਖ ਲਾਗੈ ਹਰਿ ਨਾਮਿ ਮੇਰਾ ਮਨੁ ਤ੍ਰਿਪਤੈ ਹਰਿ ਮੇਰਾ ਸਾਕੁ ਅੰਤਿ ਹੋਇ ਸਖਾਈ ॥੨॥ ਹਰਿ ਬਿਨੁ ਹੋਰ ਰਾਸਿ ਕੂੜੀ ਹੈ ਚਲਦਿਆ ਨਾਲਿ ਨ ਜਾਈ ॥ ਹਰਿ ਮੇਰਾ ਧਨੁ ਮੇਰੈ ਸਾਥਿ ਚਾਲੈ ਜਹਾ ਹਉ ਜਾਉ ਤਹ ਜਾਈ ॥੩॥ ਸੋ ਝੂਠਾ ਜੋ ਝੂਠੇ ਲਾਗੈ ਝੂਠੇ ਕਰਮ ਕਮਾਈ ॥ ਕਹੈ ਨਾਨਕੁ ਹਰਿ ਕਾ ਭਾਣਾ ਹੋਆ ਕਹਣਾ ਕਛੂ ਨ ਜਾਈ ॥੪॥੨॥੪॥ {ਪੰਨਾ 490}

ਪਦਅਰਥ:- ਜੀ—ਹੇ ਭਾਈ! ਤੇ—ਤੋਂ, ਨਾਲ। ਮਨਹੁ ਚਿੰਦਿਆ—ਮਨ ਤੋਂ ਚਿਤਵਿਆ ਹੋਇਆ। ਬਿਰਥਾ—ਵਿਅਰਥ।1।

ਰੀਤਿ—ਜੀਵਨ-ਜੁਗਤਿ। ਕਥਾ ਕਹਾਨੀ—ਮਨ ਪਰਚਾਵੇ ਦੀਆਂ ਗੱਲਾਂ। ਪ੍ਰਸਾਦਿ—ਕਿਰਪਾ ਨਾਲ। ਭੀਜੈ—ਭਿੱਜ ਜਾਏ, ਗਿੱਝ ਜਾਏ। ਬਨੀ—ਫੱਬੀ।1। ਰਹਾਉ।

ਬੰਧਪੁ—ਰਿਸ਼ਤੇਦਾਰ। ਭਾਈ—ਭਰਾ। ਨਾਮਿ—ਨਾਮ ਨਾਲ। ਤ੍ਰਿਪਤੈ—ਰੱਜਦਾ ਹੈ। ਸਖਾਈ—ਸਾਥੀ।2।

ਰਾਸਿ—ਸਰਮਾਇਆ। ਕੂੜੀ—ਨਾਸਵੰਤ। ਹਉ—ਮੈਂ। ਜਾਉ—ਜਾਊਂ, ਮੈਂ ਜਾਂਦਾ ਹਾਂ।3।

ਝੂਠੇ—ਨਾਸਵੰਤ ਪਦਾਰਥਾਂ ਵਿਚ। ਲਾਗੈ—ਪਿਆਰ ਪਾਂਦਾ ਹੈ। ਕਮਾਈ—ਕਮਾਂਦਾ ਹੈ। ਭਾਣਾ—ਰਜ਼ਾ।4।

ਅਰਥ:- ਹੇ ਭਾਈ! ਪਰਮਾਤਮਾ ਨਾਲ ਪਿਆਰ ਮੇਰੀ ਜੀਵਨ-ਜੁਗਤਿ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਮੇਰੇ ਵਾਸਤੇ ਮਨ-ਪਰਚਾਵੇ ਦੀਆਂ ਗੱਲਾਂ ਹਨ। ਬੱਸ! ਮੈਨੂੰ ਇਹੀ ਸੇਵਾ-ਭਗਤੀ ਚੰਗੀ ਲੱਗਦੀ ਹੈ ਕਿ ਗੁਰੂ ਦੀ ਕਿਰਪਾ ਨਾਲ ਮੇਰਾ ਮਨ ਪਰਮਾਤਮਾ ਦੀ ਯਾਦ ਵਿਚ ਗਿੱਝ ਜਾਏ।1। ਰਹਾਉ।

ਹੇ ਭਾਈ! ਸਿਰਫ਼ ਪਰਮਾਤਮਾ ਦੀ ਸੇਵਾ-ਭਗਤੀ ਕਰੋ ਕਿਸੇ ਹੋਰ (ਦੇਵੀ ਦੇਵਤੇ ਆਦਿਕ) ਦੀ ਸੇਵਾ-ਪੂਜਾ ਨਾਹ ਕਰੋ। ਪਰਮਾਤਮਾ ਦੀ ਸੇਵਾ ਭਗਤੀ ਕੀਤਿਆਂ ਮਨ-ਇੱਛਤ ਫਲ ਪਾ ਲਈਦਾ ਹੈ, ਕਿਸੇ ਹੋਰ (ਦੇਵੀ ਦੇਵਤੇ ਆਦਿਕ) ਦੀ ਪੂਜਾ ਨਾਲ ਆਪਣੀ ਜ਼ਿੰਦਗੀ ਹੀ ਵਿਅਰਥ ਚਲੀ ਜਾਂਦੀ ਹੈ।1।

ਹੇ ਭਾਈ! ਪਰਮਾਤਮਾ ਦਾ ਨਾਮ ਹੀ ਮੇਰੇ ਵਾਸਤੇ ਸਿਮ੍ਰਿਤੀਆਂ ਦੀ ਮਰਯਾਦਾ ਹੈ ਤੇ ਸ਼ਾਸਤ੍ਰਾਂ ਦੀ ਵਿਚਾਰ ਹੈ, ਪਰਮਾਤਮਾ ਹੀ ਮੇਰਾ ਰਿਸ਼ਤੇਦਾਰ ਹੈ, ਪਰਮਾਤਮਾ ਹੀ ਮੇਰਾ ਭਰਾ-ਭਾਈ ਹੈ। ਪਰਮਾਤਮਾ ਦੇ ਸਿਮਰਨ ਦੀ ਮੈਨੂੰ ਭੁੱਖ ਲੱਗਦੀ ਹੈ (ਮੇਰੀ ਆਤਮਕ ਜ਼ਿੰਦਗੀ ਦੇ ਕਾਇਮ ਰਹਿਣ ਵਾਸਤੇ ਮੈਨੂੰ ਸਿਮਰਨ ਦੀ ਖ਼ੁਰਾਕ ਦੀ ਲੋੜ ਪੈਂਦੀ ਹੈ), ਪਰਮਾਤਮਾ ਦੇ ਨਾਮ ਵਿਚ ਜੁੜਿਆਂ ਮੇਰਾ ਮਨ (ਮਾਇਆ ਵਲੋਂ) ਰੱਜ ਜਾਂਦਾ ਹੈ। ਪਰਮਾਤਮਾ ਮੇਰਾ ਸੰਬੰਧੀ ਹੈ, ਪਰਮਾਤਮਾ ਹੀ ਮੇਰਾ ਅੰਤ ਵੇਲੇ ਦਾ ਸਾਥੀ ਹੈ।1।

(ਹੇ ਭਾਈ! ਦੁਨੀਆ ਦੇ ਧਨ ਪਦਾਰਥ ਦਾ ਕੀਹ ਮਾਣ? ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਸਰਮਾਇਆ ਝੂਠਾ ਹੈ, (ਜਗਤ ਤੋਂ) ਤੁਰਨ ਵੇਲੇ (ਮਨੁੱਖ ਦੇ) ਨਾਲ ਨਹੀਂ ਜਾਂਦਾ। (ਸੋ,) ਪਰਮਾਤਮਾ ਦਾ ਨਾਮ ਹੀ ਮੇਰਾ ਧਨ ਹੈ, ਇਹ ਧਨ ਮੇਰੇ ਨਾਲ ਸਾਥ ਕਰਦਾ ਹੈ, ਮੈਂ ਜਿਥੇ ਭੀ ਜਾਂਦਾ ਹਾਂ ਇਹ ਧਨ ਮੇਰੇ ਨਾਲ ਜਾਂਦਾ ਹੈ।3।

ਹੇ ਭਾਈ! ਜੇਹੜਾ ਮਨੁੱਖ ਨਾਲ ਨਾਹ ਨਿਭਣ ਵਾਲੇ ਪਦਾਰਥਾਂ ਵਿਚ ਪ੍ਰੀਤਿ ਪਾਈ ਰੱਖਦਾ ਹੈ, ਉਸ ਦਾ ਜੀਵਨ ਹੀ ਉਹਨਾਂ ਪਦਾਰਥਾਂ ਨਾਲ ਇਕ-ਮਿਕ ਹੋ ਜਾਂਦਾ ਹੈ, ਉਹ ਨਿਤ ਉਹਨਾਂ ਨਾਸਵੰਤ ਪਦਾਰਥਾਂ ਦੀ ਖ਼ਾਤਰ ਹੀ ਦੌੜ-ਭੱਜ ਕਰਦਾ ਰਹਿੰਦਾ ਹੈ।

(ਪਰ) ਨਾਨਕ ਆਖਦਾ ਹੈ—ਇਹ ਪਰਮਾਤਮਾ ਦੀ ਰਜ਼ਾ ਹੀ ਹੈ (ਕਿ ਕੋਈ ਹਰਿ-ਨਾਮ ਵਿਚ ਮਸਤ ਹੈ ਤੇ ਕੋਈ ਝੂਠੇ ਪਦਾਰਥਾਂ ਵਿਚ ਲੱਗਾ ਪਿਆ ਹੈ), ਇਸ ਰਜ਼ਾ ਨੂੰ ਚੰਗਾ ਜਾਂ ਮੰਦਾ ਨਹੀਂ ਆਖਿਆ ਜਾ ਸਕਦਾ।4।2।4।